SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 134 | Thursday, July 13, 2023 | Tel: 905-793-2202 | Fax: 905-793-2282 | news@punjabipost.ca | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਅਮਰੀਕਾ ਦੇ ਵਰਮੋਂਟ ਸੂਬੇ ਵਿਚ ਹੜ੍ਹਾਂ ਕਾਰਨ 41 ਹਜ਼ਾਰ ਕਰੋੜ ਤੱਕ ਦਾ ਨੁਕਸਾਨ ਹੋਣ ਦਾ ਡਰ, ਰਾਸ਼ਟਰਪਤੀ ਜੋਅ ਬਿਡੇਨ ਕੀਤਾ ਐਮਰਜੈਂਸੀ ਦਾ ਐਲਾਨ

ਵਾਸ਼ਿੰਗਟਨ, 12 ਜੁਲਾਈ (ਪੋਸਟ ਬਿਊਰੋ): ਅਮਰੀਕਾ ਦੇ ਵਰਮੋਂਟ ਸੂਬੇ ਵਿਚ ਭਾਰੀ ਮੀਂਹ ਕਾਰਨ ਹੜ੍ਹ ਆ ਗਿਆ ਹੈ। ਇਸ ਕਾਰਨ ਡੈਮ ਦੇ ਓਵਰਫਲੋ ਹੋਣ ਦਾ ਖਤਰਾ ਵਧ ਗਿਆ ਹੈ। ਐਮਰਜੈਂਸੀ ਸੇਵਾ ਨੇ ਹੁਣ ਤੱਕ 117 ਲੋਕਾਂ ਨੂੰ ਬਚਾਇਆ ਹੈ। ਪਾਣੀ ਭਰ ਜਾਣ ਕਾਰਨ ਮੰਗਲਵਾਰ ਨੂੰ ਸੂਬੇ ਦੀਆਂ ਲਗਭਗ 100 ਸੜਕਾਂ ਬੰਦ ਹੋ ਗਈਆਂ।

ਅਮਰੀਕਾ ਦੇ ਰਾਸ਼ਟਰਪਤੀ ਜੋਅ ਬਿਡੇਨ ਨੇ ਵਰਮੋਂਟ ਵਿੱਚ ਐਮਰਜੈਂਸੀ ਦਾ ਐਲਾਨ ਕਰ ਦਿੱਤਾ ਹੈ। ਰਾਜ ਦੇ ਗਵਰਨਰ ਫਿਲ ਸਕਾਟ ਦੇ ਅਨੁਸਾਰ, ਵਰਮੋਂਟ ਵਿੱਚ ਪਿਛਲੇ ਦੋ ਦਿਨਾਂ ਵਿੱਚ ਓਨੀ ਹੀ ਬਾਰਿਸ਼ ਹੋਈ ਹੈ ਜਿੰਨੀ ਆਮ ਤੌਰ 'ਤੇ ਦੋ ਮਹੀਨਿਆਂ ਵਿੱਚ ਹੁੰਦੀ ਹੈ। ਰਾਈਟਰਜ਼ ਅਨੁਸਾਰ, ਨਿਊਯਾਰਕ, ਮੈਸਾਚੁਸੇਟਸ, ਕਨੈਕਟੀਕਟ ਵਿੱਚ ਵੀ ਪਿਛਲੇ ਕੁਝ ਦਿਨਾਂ ਵਿੱਚ 8 ਇੰਚ ਤੱਕ ਮੀਂਹ ਪਿਆ ਹੈ।

ਵਰਮੋਂਟ ਵਿੱਚ ਵਿਅਕਤੀਆਂ ਨੂੰ ਉਨ੍ਹਾਂ ਦੇ ਘਰਾਂ ਦੀਆਂ ਉਪਰਲੀਆਂ ਮੰਜ਼ਿਲਾਂ 'ਤੇ ਜਾਣ ਦੀ ਸਲਾਹ ਦਿੱਤੀ ਜਾ ਰਹੀ ਹੈ। ਹੜ੍ਹਾਂ ਕਾਰਨ ਐਕੂਵੇਦਰ ਕੰਪਨੀ ਨੇ 3-5 ਅਰਬ ਡਾਲਰ (24-



41 ਹਜ਼ਾਰ ਕਰੋੜ) ਦੇ ਆਰਥਿਕ ਨੁਕਸਾਨ ਦੀ ਭਵਿੱਖਬਾਣੀ ਕੀਤੀ ਹੈ। ਮੌਸਮ ਦੀ ਭਵਿੱਖਬਾਣੀ ਕੇਂਦਰ ਨੇ ਸੋਮਵਾਰ ਨੂੰ ਕਿਹਾ ਕਿ ਸੱਤ ਦਿਨਾਂ ਦੀ ਬਾਰਿਸ਼ ਕੁੱਲ ਯੂ.ਐੱਸ. ਦੇ ਉੱਤਰ-ਪੂਰਬ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਆਮ ਪੱਧਰ ਦੇ 300% ਤੋਂ 500% ਤੱਕ ਸੀ।

ਇਸ ਦੇ ਨਾਲ ਹੀ ਰਾਸ਼ਟਰੀ ਮੌਸਮ ਸੇਵਾ ਨੇ ਸ਼ੁੱਕਰਵਾਰ ਨੂੰ ਫਿਰ ਤੋਂ ਮੀਂਹ ਪੈਣ ਦੀ ਸੰਭਾਵਨਾ ਜਤਾਈ ਹੈ। ਹਾਲਾਂਕਿ, ਉਮੀਦ ਕੀਤੀ ਜਾ ਰਹੀ ਹੈ ਕਿ ਇਸ ਵਾਰ ਇਹ ਇੰਨਾ ਤੇਜ਼ ਨਹੀਂ ਹੋਵੇਗਾ। ਦੂਜੇ ਪਾਸੇ ਗੁਆਂਢੀ ਦੇਸ਼ ਕੈਨੇਡਾ ਵਿੱਚ ਵੀ ਭਾਰੀ ਮੀਂਹ ਕਾਰਨ 600 ਦੇ ਕਰੀਬ ਲੋਕਾਂ ਨੂੰ ਘਰ ਛੱਡਣਾ ਪਿਆ ਹੈ। ਕੈਨੇਡਾ ਦੇ ਕਿਊਬਿਕ ਸ਼ਹਿਰ ਵਿੱਚ ਪਿਛਲੇ 48 ਘੰਟਿਆਂ ਵਿੱਚ 5.5 ਇੰਚ ਮੀਂਹ ਪਿਆ ਹੈ, ਜਿਸ ਕਾਰਨ ਦਰਿਆ ਦੇ ਪਾਣੀ ਦਾ ਪੱਧਰ ਤੇਜ਼ੀ ਨਾਲ ਵੱਧ ਰਿਹਾ ਹੈ।

## 12 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਬੋਟ ਉੱਤੇ ਲਾਈਫਜੈਕੇਟ ਲਾਜ਼ਮੀ ਕਰਨ ਲਈ ਓਨਟਾਰੀਓ ਸਰਕਾਰ ਪਾਸ ਕਰੇਗੀ ਬਿੱਲ

ਓਨਟਾਰੀਓ, 12 ਜੁਲਾਈ (ਪੋਸਟ ਬਿਊਰੋ) : ਓਨਟਾਰੀਓ ਸਰਕਾਰ ਇੱਕ ਨਵਾਂ ਬਿੱਲ ਪਾਸ ਕਰਨ ਜਾ ਰਹੀ ਹੈ ਜਿਸ ਵਿੱਚ ਇਹ ਲਾਜ਼ਮੀ ਬਣਾਇਆ ਜਾਵੇਗਾ ਕਿ 12 ਸਾਲ ਤੇ ਇਸ ਤੋਂ ਘੱਟ ਉਮਰ ਦੇ ਬੱਚੇ ਬੋਟਸ ਉੱਤੇ ਲਾਈਫਜੈਕੇਟ ਪਾਉਣ।



ਇਸ ਬਿੱਲ ਨੂੰ ਅਸਲ ਵਿੱਚ ਅਪਰੈਲ ਵਿੱਚ ਪੇਸ਼ ਕੀਤਾ ਗਿਆ ਸੀ ਤੇ ਇਹ ਸੋਮਵਾਰ ਨੂੰ ਕਮੇਟੀ ਸਾਹਮਣੇ ਲਿਆਂਦਾ ਗਿਆ। ਸਾਲ ਦੇ ਅੰਤ ਵਿੱਚ ਜਦੋਂ ਪ੍ਰੋਵਿੰਸ਼ੀਅਲ ਪਾਰਲੀਆਮੈਂਟ ਦੇ ਮੈਂਬਰ ਵਿਧਾਨ ਸਭਾ ਵਿੱਚ ਪਰਤਣਗੇ ਤਾਂ ਇਸ ਬਿੱਲ ਨੂੰ ਪਾਸ ਕੀਤੇ ਜਾਣ ਦੀ ਸੰਭਾਵਨਾ ਹੈ। ਇਸ ਬਿੱਲ ਨੂੰ ਪੇਸ਼ ਕਰਨ ਵਾਲੇ ਪ੍ਰੋਗਰੈਸਿਵ ਕੰਜ਼ਰਵੇਟਿਵ ਐਮਪੀਪੀ ਗੋਲਡੀ ਘਮਾਰੀ ਨੇ ਆਖਿਆ ਕਿ ਅਮਰੀਕਾ ਵਿੱਚ ਹਰ ਸਟੇਟ ਵਿੱਚ ਬੱਚਿਆਂ ਲਈ ਲਾਈਫਜੈਕੇਟ ਵਾਲਾ ਕਾਨੂੰਨ ਲਾਜ਼ਮੀ ਹੈ। ਪਰ ਕੈਨੇਡਾ ਵਿੱਚ ਅਜਿਹਾ ਨਹੀਂ ਹੈ।

ਕੈਨੇਡੀਅਨ ਕਾਨੂੰਨ ਮੁਤਾਬਕ ਹਰੇਕ ਵਾਟਰਕ੍ਰਾਫਟ ਵਿੱਚ ਲਾਈਫਜੈਕੇਟਸ ਹੋਣੀਆਂ ਲਾਜ਼ਮੀ ਹਨ ਜਾਂ ਫਿਰ ਉਸ ਉੱਤੇ ਸਵਾਰ ਸਾਰੇ ਵਿਅਕਤੀਆਂ ਲਈ ਪਰਸਨਲ ਫਲੋਟੇਸ਼ਨ ਡਿਵਾਇਸਿਜ਼ (ਪੀਐਫਡੀ) ਹੋਣਾ ਜ਼ਰੂਰੀ ਹੈ। ਇਹ ਲਾਜ਼ਮੀ ਨਹੀਂ ਹੈ ਕਿ ਉਨ੍ਹਾਂ ਪੀਐਫਡੀਜ਼ ਨੂੰ ਪਾਇਆ ਵੀ ਜਾਵੇ। ਇਸ ਬਿੱਲ ਵਿੱਚ ਇਹ ਵੀ ਆਖਿਆ ਗਿਆ ਹੈ ਕਿ ਪਲੇਜ਼ਰ ਬੋਟਸ ਜਾਂ ਮਨੋਰੰਜਨ ਲਈ ਕਿਸੇ ਚੀਜ਼ ਦੇ ਪਿੱਛੇ ਬੋਟਸ ਨੂੰ ਟੋਅ ਕਰਦੇ ਸਮੇਂ ਵੀ 12 ਸਾਲ ਜਾਂ ਇਸ ਤੋਂ ਘੱਟ ਉਮਰ ਦੇ ਬੱਚਿਆਂ ਦੇ ਲਾਈਫਜੈਕੇਟਸ ਪਾਇਆਂ ਜਾਣਾ ਜ਼ਰੂਰੀ ਹੈ।

ਇਸ ਬਿੱਲ ਵਿੱਚ ਇਹ ਪ੍ਰਬੰਧ ਵੀ ਕੀਤਾ ਗਿਆ ਹੈ ਕਿ ਜੇ ਮਾਪੇ ਜਾਂ ਗਾਰਡੀਅਨਜ਼ ਜਾਂ ਹੋਰ ਬਾਲਗ, ਜਿਹੜੇ ਬੱਚਿਆਂ ਦੀ ਨਿਗਰਾਨੀ ਕਰ ਰਹੇ ਹੋਣਗੇ, ਇਨ੍ਹਾਂ ਨਿਯਮਾਂ ਦੀ ਪਾਲਣਾ ਨਹੀਂ ਕਰਦੇ ਤਾਂ ਉਨ੍ਹਾਂ ਨੂੰ 200 ਡਾਲਰ ਤੱਕ ਦਾ ਜੁਰਮਾਨਾ ਹੋ ਸਕੇਗਾ। ਇਸ ਬਿੱਲ ਨੂੰ ਜੋਸ਼ੂਆ ਲਾਅ ਦਾ ਨਾਂ ਦਿੱਤਾ ਗਿਆ ਹੈ। ਜ਼ਿਕਰਯੋਗ ਹੈ ਕਿ ਇਹ ਬਿੱਲ 2018 ਵਿੱਚ ਸੇਂਟ ਲਾਅਰੈਂਸ ਵਿੱਚ ਇੱਕ ਬੋਟਿੰਗ ਹਾਦਸੇ ਵਿੱਚ ਮਾਰੇ ਗਏ 11 ਸਾਲਾ ਜੋਸ਼ੂਆ ਸਟੇਨਬਰਗ ਨਾ ਦੇ ਲੜਕੇ ਦੇ ਸਨਮਾਨ ਵਿੱਚ ਲਿਆਂਦਾ ਗਿਆ ਹੈ। ਘਮਾਰੀ ਨੇ 25 ਅਪਰੈਲ ਨੂੰ ਵਿਧਾਨਸਭਾ ਵਿੱਚ ਆਖਿਆ ਸੀ ਕਿ ਜੋਸ਼ੂਆ ਨੇ ਹਾਦਸੇ ਵਾਲੇ ਦਿਨ ਸਾਰਾ ਸਮਾਂ ਲਾਈਫਜੈਕੇਟ ਪਾਈ ਹੋਈ ਸੀ ਪਰ ਜਿਸ ਸਮੇਂ ਹਾਦਸਾ ਵਾਪਰਿਆ ਉਸ ਸਮੇਂ ਉਸ ਦੇ ਜੈਕੇਟ ਨਹੀਂ ਸੀ ਪਾਈ ਹੋਈ।

## ਟੋਰਾਂਟੋ-ਦਿੱਲੀ ਫਲਾਈਟ ਵਿਚ ਯਾਤਰੀ ਨੇ ਚਾਲਕ ਦਲ ਦੇ ਮੈਂਬਰ ਨਾਲ ਕੀਤੀ ਕੁੱਟਮਾਰ, ਦਿੱਲੀ ਏਅਰਪੋਰਟ 'ਤੇ ਗ੍ਰਿਫ਼ਤਾਰ

ਨਵੀਂ ਦਿੱਲੀ, 12 ਜੁਲਾਈ (ਪੋਸਟ ਬਿਊਰੋ): ਏਅਰ ਇੰਡੀਆ ਦੀ ਟੋਰਾਂਟੋ-ਦਿੱਲੀ ਫਲਾਈਟ ਵਿੱਚ ਇੱਕ ਨੇਪਾਲੀ ਯਾਤਰੀ ਨੇ ਚਾਲਕ ਦਲ ਦੇ ਮੈਂਬਰ ਨਾਲ ਦੁਰਵਿਵਹਾਰ ਕੀਤਾ, ਟਾਇਲਟ ਵਿੱਚ ਸਿਗਰਟ ਪੀਤੀ, ਦਰਵਾਜ਼ਾ ਤੋੜਿਆ



ਅਤੇ ਹੋਰ ਯਾਤਰੀਆਂ ਨਾਲ ਕੁੱਟਮਾਰ ਕੀਤੀ। ਇਹ ਘਟਨਾ 8 ਜੁਲਾਈ ਦੀ ਹੈ। ਪੁਲਿਸ ਨੇ ਮੁਲਜ਼ਮ ਨੂੰ ਦਿੱਲੀ ਪਹੁੰਚਦੇ ਹੀ ਗ੍ਰਿਫ਼ਤਾਰ ਕਰ ਲਿਆ। ਏਅਰ ਇੰਡੀਆ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI 416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6 Brampton, ON, L6P 3W4
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗ੍ਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley 905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
CANADA DAY SPECIAL
REGULAR DEAL $2,899
BLACK STAINLESS-STEEL PACKAGE $3,849
WASHER DRYER $1,699
LOCATIONS
ETOBICOKE 44 Fasken Dr, #2-9 Etobicoke, On M9W 5M8 (416) 792-0877
BRAMPTON Unit #1, 241 Clarence St Brampton, On L6W 3E7 (416) 551-3343
VAUGHAN 5781 Highway 7 Unit 10 Vaughan, ON L4L 1T8 (416) 477-5556
OAKVILLE 1050 Speers Road Oakville, ON L6L 2X4 (416) 613-0555
LONDON Unit #4 -1540 Fanshawe Park Road West London, On N6H 5L8
STONEY CREEK Unit #6 – 410 Lewis Road Stoney Creek, On L8E 5Y7 (905) 643-0818
416-551-5553
WWW.OURRHOMEAPPLIANCES.COM
~OURR HOME IN EVERY HOME~

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc. Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax: 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

SUPER VISA INSURANCE EXPERTS
Punjab Insurance Inc
RANJIT GILL Insurance Advisor
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਨਾਟੋ ਸੰਮੇਲਨ ਵਿੱਚ ਇਕੱਲੇ ਨਜ਼ਰ ਆਏ ਯੂਕਰੇਨ ਦੇ ਰਾਸ਼ਟਰਪਤੀ ਜ਼ੇਲੇਂਸਕੀ, ਫੋਟੋ ਵਾਇਰਲ

ਵਿਲਨੀਅਸ/ਲਿਥੁਆਨੀਆ, 12 ਜੁਲਾਈ (ਪੋਸਟ ਬਿਊਰੋ): ਲਿਥੁਆਨੀਆ ਦੀ ਰਾਜਧਾਨੀ ਵਿਲਨੀਅਸ ਵਿੱਚ ਨਾਰਥ ਅਟਲਾਂਟਿਕ ਟ੍ਰੀਟੀ ਸਮਿਟ (ਨਾਟੋ) ਦੇ ਸਿਖਰ ਸੰਮੇਲਨ ਦੇ ਦੂਜੇ ਦਿਨ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਇਕੱਲੇ ਨਜ਼ਰ ਆਏ। ਇਕ ਹੋਰ ਵਿਚ, ਜਿੱਥੇ ਉਨ੍ਹਾਂ ਦੀ ਪਤਨੀ ਜ਼ੇਲੇਂਸਕਾ ਸੰਮੇਲਨ ਵਿਚ ਸ਼ਾਮਿਲ ਹੋਣ ਵਾਲੇ ਹੋਰ ਨੇਤਾਵਾਂ ਦੀਆਂ ਪਤਨੀਆਂ ਨਾਲ ਗੱਲਬਾਤ ਕਰਨ ਵਿਚ ਰੁੱਝੀ ਹੋਈ ਸੀ, ਜ਼ੇਲੇਂਸਕੀ ਇਕ ਦੂਰੀ 'ਤੇ ਇਕੱਲੇ ਖੜ੍ਹੇ ਦਿਖਾਈ ਦਿੱਤੇ।

ਹਾਲਾਂਕਿ ਹੁਣ ਯੂਕਰੇਨ ਦੇ ਰਾਸ਼ਟਰਪਤੀ ਦੀਆਂ ਕੁਝ ਤਸਵੀਰਾਂ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਹਨ। ਕੁਝ ਯੂਜ਼ਰਜ਼ ਜ਼ੇਲੇਂਸਕੀ ਨੂੰ ਨਾਟੋ ਤੋਂ ਦੂਰ ਰਹਿਣ ਦੀ ਸਲਾਹ ਦੇ ਰਹੇ ਹਨ, ਜਦੋਂਕਿ ਇੱਕ ਵਰਗ ਹੈ ਜੋ ਜ਼ੇਲੇਂਸਕੀ ਨੂੰ ਤਾਅਨੇ ਮਾਰ ਰਿਹਾ ਹੈ। ਇਕ ਯੂਜ਼ਰ ਨੇ ਕਿਹਾ- ਇੰਝ ਲੱਗਦਾ ਹੈ ਜਿਵੇਂ ਕੋਈ ਬੱਚਾ ਮੇਲੇ ਵਿਚ ਗੁਆਚ ਗਿਆ ਹੋਵੇ।

ਇਹ ਸੰਮੇਲਨ 11 ਅਤੇ 12 ਜੁਲਾਈ ਨੂੰ ਵਿਲਨੀਅਸ ਵਿਚ ਆਯੋਜਿਤ ਕੀਤਾ ਗਿਆ ਸੀ। ਇਸ ਵਿੱਚ ਨਾਟੋ ਦੇ ਸਾਰੇ ਮੈਂਬਰਾਂ ਨੇ ਹਿੱਸਾ ਲਿਆ। ਭਾਵੇਂ ਯੂਕਰੇਨ ਨਾਟੋ ਦਾ ਮੈਂਬਰ ਨਹੀਂ ਹੈ, ਪਰ ਰੂਸ ਨਾਲ ਲੜਾਈ ਹੋਣ ਕਾਰਨ ਉਸ ਨੂੰ ਸੱਦਾ ਦਿੱਤਾ ਗਿਆ ਸੀ। ਹਾਲਾਂਕਿ ਹੁਣ ਤੱਕ ਜੋ ਗੱਲਾਂ ਸਾਹਮਣੇ ਆਈਆਂ ਹਨ, ਉਨ੍ਹਾਂ ਤੋਂ ਲੱਗਦਾ ਹੈ ਕਿ ਯੂਕਰੇਨ ਦੇ ਹੱਥ ਕੁਝ ਖਾਸ ਨਹੀਂ ਲੱਗਾ। ਪਿਛਲੇ ਸਾਲ 24 ਫਰਵਰੀ ਨੂੰ ਸ਼ੁਰੂ ਹੋਈ ਜੰਗ ਤੋਂ ਬਾਅਦ ਜੋ ਮਿਲਦਾ ਰਿਹਾ ਹੈ, ਉਹ ਵੀ ਉਸ ਨੂੰ ਮਿਲ ਗਿਆ ਹੈ ਅਤੇ ਉਹ ਵੀ ਟੁਕੜਿਆਂ ਵਿੱਚ।

ਰਾਸ਼ਟਰਪਤੀ ਜ਼ੇਲੇਂਸਕੀ ਨੇ ਸਿਖਰ ਸੰਮੇਲਨ ਵਿਚ ਪਹੁੰਚ ਕੇ ਕਈ ਨੇਤਾਵਾਂ ਨਾਲ ਮੁਲਾਕਾਤ ਕੀਤੀ। ਯੂਕਰੇਨ ਨੂੰ ਨਾਟੋ ਵਿੱਚ ਸ਼ਾਮਿਲ ਕਰਨਾ ਇਸ ਸਮੇਂ



ਕਈ ਕਾਰਨਾਂ ਕਰਕੇ ਸੰਭਵ ਨਹੀਂ ਜਾਪਦਾ ਅਤੇ ਕੁਝ ਦਿਨ ਪਹਿਲਾਂ ਅਮਰੀਕੀ ਰਾਸ਼ਟਰਪਤੀ ਜੋ ਬਿਡੇਨ ਦੇ ਬਿਆਨ ਨਾਲ ਰਹੀ ਕਸਰ ਪੂਰੀ ਹੋ ਗਈ ਸੀ। ਬਿਡੇਨ ਨੇ ਸਪੱਸ਼ਟ ਕੀਤਾ ਸੀ ਕਿ ਯੂਕਰੇਨ ਲਈ ਫਿਲਹਾਲ ਨਾਟੋ ਵਿੱਚ ਸ਼ਾਮਲ ਹੋਣ ਲਈ ਹਾਲਾਤ ਠੀਕ ਨਹੀਂ ਹਨ। ਇਸ ਲਈ, ਜ਼ੇਲੇਂਸਕੀ ਦੀ ਇੱਥੇ ਮੌਜੂਦਗੀ ਨੂੰ ਕਾਫ਼ੀ ਹੱਦ ਤੱਕ ਰਸਮੀ ਕਿਹਾ ਜਾਵੇਗਾ।

ਜ਼ੇਲੇਂਸਕੀ ਦੀਆਂ ਦੋ ਤਸਵੀਰਾਂ ਬੁੱਧਵਾਰ ਨੂੰ ਜ਼ਿਆਦਾ ਵਾਇਰਲ ਹੋਈਆਂ। ਪਹਿਲੀ, ਇਸ ਵਿਚ ਜ਼ੇਲੇਂਸਕੀ ਦੀ ਪਤਨੀ ਜ਼ੇਲੇਂਸਕਾ ਨੂੰ ਫਰਾਂਸ ਦੀ ਫਸਟ ਲੇਡੀ ਬ੍ਰਿਗਿਟ ਮੈਕਰੋਨ ਨਾਲ ਗੱਲ ਕਰਦੇ ਦੇਖਿਆ ਗਿਆ ਅਤੇ ਕੁਝ ਦੂਰੀ 'ਤੇ ਖੜ੍ਹੇ ਯੂਕਰੇਨ ਦੇ ਰਾਸ਼ਟਰਪਤੀ ਦੇ ਚਿਹਰੇ 'ਤੇ ਨਿਰਾਸ਼ਾ ਅਤੇ ਗੁੱਸਾ ਦਿਖਾਈ ਦੇ ਰਿਹਾ ਸੀ। ਦੂਜੀ ਤਸਵੀਰ ਵਿੱਚ ਜ਼ੇਲੇਂਸਕੀ ਬਿਲਕੁਲ ਇਕੱਲੇ ਖੜ੍ਹੇ ਨਜ਼ਰ ਆ ਰਹੇ ਹਨ। ਇਸ ਨੂੰ ਪਹਿਲੀ ਤਸਵੀਰ ਦਾ ਹੀ ਇੱਕ ਹੋਰ ਐਂਗਲ ਕਿਹਾ ਜਾ ਸਕਦਾ ਹੈ।

## ਅੱਜ ਨਾਮਾ

ਵਧ ਗਿਆ ਏਨਾ ਬੱਸ ਭਾਅ ਟਮਾਟਰਾਂ ਦਾ,
ਨਹੀਂ ਹਨ ਕਾਬੂ ਸਰਕਾਰ ਦੇ ਆਏ ਬੇਲੀ।
ਹਾਸੋਹੀਣੀ ਜਿਹੀ ਕਿਤੋਂ ਬੱਸ ਖਬਰ ਪਹੁੰਚੀ,
ਬਾਊਂਸਰ ਟਮਾਟਰ ਦੇ ਰਾਖੇ ਬਿਠਾਏ ਬੇਲੀ।
ਲੁੱਟਿਆ ਏ ਕਿਸੇ ਥਾਂ ਟਰੱਕ ਟਮਾਟਰਾਂ ਦਾ,
ਲੁਟੇਰਿਆਂ ਏਦਾਂ ਵੀ ਹੱਥ ਅਜ਼ਮਾਏ ਬੇਲੀ।
ਪੜ੍ਹ ਕੇ ਖਬਰ ਨਹੀਂ ਲੋਕ ਵਿਸ਼ਵਾਸ ਕਰਦੇ,
ਰੰਗ ਇਹ ਮੁਲਕ ਨੇਕਿਹੜੇ ਵਿਖਾਏ ਬੇਲੀ।
ਜਦ ਜਦ ਵਧਿਆ ਪਿਆਜ਼ ਦਾ ਭਾਅ ਪਹਿਲਾਂ,
ਪਲਟ ਗਈ ਦੇਸ਼ ਵਿੱਚ ਸਦਾ ਸਰਕਾਰ ਬੇਲੀ।
ਅੱਜਕੱਲ੍ਹ ਟਮਾਟਰ ਨੂੰ ਜਿੱਦਾਂ ਹੈ ਚੜ੍ਹੀ ਲਾਲੀ,
ਪਤਾ ਨਹੀਂ ਕਰੂਗੀ ਕਿੱਧਰ ਇਹ ਮਾਰ ਬੇਲੀ।

ਤੀਸ ਮਾਰ ਖਾਂ

# ਪਹਾੜੀ ਦਾ ਮਲਬਾ ਡਿੱਗਣ ਕਾਰਨ ਬਦਰੀਨਾਥ ਹਾਈਵੇਅ ਜਾਮ, ਕਰੀਬ 7000 ਸ਼ਰਧਾਲੂ ਫਸੇ

ਨਵੀਂ ਦਿੱਲੀ, 12 ਜੁਲਾਈ (ਪੋਸਟ ਬਿਊਰੋ): ਪਹਾੜੀ ਤੋਂ ਭਾਰੀ ਮਲਬਾ ਡਿੱਗਣ ਕਾਰਨ ਸ਼ਾਮ ਵੇਲੇ ਛਿਨਕਾ ਵਿਖੇ ਬਦਰੀਨਾਥ ਹਾਈਵੇਅ ਜਾਮ ਹੋ ਗਿਆ। ਜਿਸ ਕਾਰਨ ਇੱਥੇ ਹਾਈਵੇਅ ਦੇ ਦੋਵੇਂ ਪਾਸੇ ਕਰੀਬ 7000 ਸ਼ਰਧਾਲੂ ਫਸੇ ਹੋਏ ਹਨ। ਜ਼ਿਲ੍ਹਾ ਆਫ਼ਤ ਪ੍ਰਬੰਧਨ ਅਧਿਕਾਰੀ ਨੰਦ ਕਿਸ਼ੋਰ ਜੋਸ਼ੀ ਨੇ ਦੱਸਿਆ ਕਿ ਹਾਈਵੇਅ ਖੁੱਲ੍ਹਣ ਤੋਂ ਬਾਅਦ ਸ਼ਰਧਾਲੂਆਂ ਨੂੰ ਉਨ੍ਹਾਂ ਦੀ ਮੰਜ਼ਿਲ ਵੱਲ ਰਵਾਨਾ ਕੀਤਾ ਜਾਵੇਗਾ। ਦੂਜੇ ਪਾਸੇ ਪਾਤਾਲਗੰਗਾ ਵਿਚ ਸੁਰੰਗ ਦੇ ਉੱਪਰ ਚੱਟਾਨ ਤੋਂ ਜ਼ਮੀਨ ਖਿਸਕਣ ਦੀ ਘਟਨਾ ਵਾਪਰੀ ਹੈ।

ਬੁੱਧਵਾਰ ਨੂੰ ਹੋਈ ਬਾਰਿਸ਼ ਦੇ ਬਾਵਜੂਦ ਛਿਨਕਾ ਵਿਚ ਸਵੇਰ ਤੋਂ ਹੀ ਹਾਈਵੇਅ ਸੁਚਾਰੂ ਰਿਹਾ। ਜਿਸ ਕਾਰਨ ਸਫ਼ਰੀ ਵਾਹਨਾਂ ਦੀ ਆਵਾਜਾਈ ਜਾਰੀ ਰਹੀ। ਸ਼ਾਮ 6 ਵਜੇ ਹੋਈ ਭਾਰੀ ਬਰਸਾਤ ਦੌਰਾਨ ਪਹਾੜੀ ਦਾ ਮਲਬਾ ਅਚਾਨਕ ਪਹਾੜੀ ਤੋਂ ਖਿਸਕ ਕੇ ਹਾਈਵੇਅ 'ਤੇ ਆ ਗਿਆ। ਜਿਸ ਕਾਰਨ ਹਾਈਵੇਅ ਦੇ ਦੋਵੇਂ ਪਾਸੇ ਤੋਂ ਆਉਣ-ਜਾਣ ਵਾਲੇ ਵਾਹਨਾਂ ਦੀ ਲੰਬੀ ਲਾਈਨ ਲੱਗ ਗਈ।

# ਟੋਰਾਂਟੋ-ਦਿੱਲੀ ਫਲਾਈਟ ਵਿਚ ਯਾਤਰੀ ਨੇ ਚਾਲਕ ਦਲ ਦੇ ਮੈਂਬਰ ਨਾਲ ਕੀਤੀ ਕੁੱਟਮਾਰ, ਦਿੱਲੀ ਏਅਰਪੋਰਟ 'ਤੇ ਗ੍ਰਿਫ਼ਤਾਰ

ਪੰਨਾ 1 ਦਾ ਬਾਕੀ

ਨੇਪਾਲ ਦਾ ਰਹਿਣ ਵਾਲਾ ਮਹੇਸ਼ ਸਿੰਘ ਪੰਡਿਤ ਟੋਰਾਂਟੋ ਤੋਂ ਦਿੱਲੀ ਆ ਰਹੀ ਫਲਾਈਟ ਨੰਬਰ ਏ.ਆਈ.188 ਵਿੱਚ ਸਫਰ ਕਰ ਰਿਹਾ ਸੀ। ਉਸਨੇ ਆਪਣੀ ਸੀਟ 26ਈ ਤੋਂ 26ਐੱਫ ਵਿੱਚ ਬਦਲ ਦਿੱਤੀ। ਜਦੋਂ ਚਾਲਕ ਦਲ ਦੇ ਮੈਂਬਰ ਆਦਿਤਿਆ ਕੁਮਾਰ ਨੇ ਰੋਕਿਆ ਤਾਂ ਮੁਲਜ਼ਮ ਨੇ ਉਸ ਨਾਲ ਧੱਕਾ-ਮੁੱਕੀ ਕਰਨੀ ਸ਼ੁਰੂ ਕਰ ਦਿੱਤੀ। ਆਦਿਤਿਆ ਨੇ ਯਾਤਰੀ ਮਹੇਸ਼ ਦੀ ਸ਼ਿਕਾਇਤ ਸੀਨੀਅਰ ਪਾਇਲਟ ਨੂੰ ਕੀਤੀ ਪਰ ਇਸ ਤੋਂ ਬਾਅਦ ਮਹੇਸ਼ ਕੁਝ ਸਮੇਂ ਲਈ ਸ਼ਾਂਤ ਹੋ ਗਿਆ।

ਕੁਝ ਦੇਰ ਬਾਅਦ ਦੋਸ਼ੀ ਵਾਸ਼ਰੂਮ ਵਿਚ ਗਿਆ ਅਤੇ ਸਿਗਰਟ ਪੀਣੀ ਸ਼ੁਰੂ ਕਰ ਦਿੱਤੀ। ਜਦੋਂ ਸਮੋਕ ਅਲਾਰਮ ਵੱਜਿਆ ਤਾਂ ਚਾਲਕ ਦਲ ਦੇ ਮੈਂਬਰਾਂ ਨੇ ਉਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੇ ਵਾਸ਼ਰੂਮ ਦਾ ਦਰਵਾਜ਼ਾ ਤੋੜ ਦਿੱਤਾ। ਜਦੋਂ ਕੁਝ ਹੋਰ ਯਾਤਰੀ ਰੋਕਣ ਲਈ ਆਏ ਤਾਂ ਮੁਲਜ਼ਮਾਂ ਨੇ ਉਨ੍ਹਾਂ ਦੀ ਕੁੱਟਮਾਰ ਕੀਤੀ।

ਇਸ ਤੋਂ ਬਾਅਦ ਉਸ ਨੂੰ ਕਿਸੇ ਤਰ੍ਹਾਂ ਕਾਬੂ ਕੀਤਾ ਗਿਆ ਅਤੇ ਦਿੱਲੀ ਪਹੁੰਚ ਕੇ ਉਸ ਨੂੰ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ। ਪੁਲਿਸ ਇਸ ਮਾਮਲੇ 'ਚ ਦਰਜ ਮਾਮਲੇ ਦੀ ਜਾਂਚ ਕਰ ਰਹੀ ਹੈ। ਘਟਨਾ ਦੀ ਸੂਚਨਾ ਡੀ.ਜੀ.ਸੀ.ਏ. ਨੂੰ ਵੀ ਦਿੱਤੀ ਗਈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਐ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਭਾਰੀ ਮੀਂਹ ਕਾਰਨ ਹੋਏ ਨੁਕਸਾਨ ਦੇ ਇਕ-ਇਕ ਪੈਸੇ ਦੀ ਭਰਪਾਈ ਕਰਾਂਗੇ : ਮੁੱਖ ਮੰਤਰੀ

***ਸੰਕਟ ਦੀ ਘੜੀ ਵਿੱਚ ਲੋਕਾਂ ਦੀ ਮੱਦਦ ਕਰਨਾ ਸੂਬਾ ਸਰਕਾਰ ਦਾ ਫ਼ਰਜ਼ *ਸੂਬੇ ਦੇ ਦੂਰ-ਦੁਰਾਡੇ ਇਲਾਕਿਆਂ ਵਿੱਚ ਰਹਿੰਦੇ ਆਖ਼ਰੀ ਵਿਅਕਤੀ ਤੱਕ ਰਾਹਤ ਪਹੁੰਚਾਈ ਜਾਵੇਗੀ *ਸਾਰੇ ਡੈਮ ਸੁਰੱਖਿਅਤ ਅਤੇ ਪਾਣੀ ਖ਼ਤਰੇ ਦੇ ਨਿਸ਼ਾਨ ਤੋਂ ਹੇਠਾਂ ਵਗ ਰਿਹਾ**

ਚੰਡੀਗੜ੍ਹ, 12 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਭਰ ਵਿੱਚ ਪਏ ਮੋਹਲੇਧਾਰ ਮੀਂਹ ਕਾਰਨ ਲੋਕਾਂ ਦੇ ਹੋਏ ਨੁਕਸਾਨ ਦੇ ਇਕ-ਇਕ ਪੈਸੇ ਦੀ ਪੂਰਤੀ ਕਰਨ ਦੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਈ।

ਇੱਥੇ ਜਾਰੀ ਇਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਉਹ ਹਾਲਾਤ ਉਤੇ ਪਲ-ਪਲ ਨਜ਼ਰ ਰੱਖ ਰਹੇ ਹਨ ਅਤੇ ਸੂਬੇ ਭਰ ਤੋਂ ਬਾਕਾਇਦਾ ਰਿਪੋਰਟ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਿਆਂ ਵਿੱਚ ਚੱਲ ਰਹੇ ਰਾਹਤ ਕਾਰਜਾਂ ਅਤੇ ਪਾਣੀ ਦੇ ਪੱਧਰ ਬਾਰੇ ਸੂਬੇ ਭਰ ਵਿੱਚ ਜ਼ਿਲ੍ਹਾ ਪ੍ਰਸ਼ਾਸਨਾਂ ਰਾਹੀਂ ਨਿਗਰਾਨੀ ਰੱਖੀ ਜਾ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਮੁਸ਼ਕਲ ਦੀ ਇਸ ਘੜੀ ਵਿੱਚ ਲੋਕਾਂ ਦੀ ਮਦਦ ਕਰਨਾ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਹੈ ਅਤੇ ਇਸ ਕਾਰਜ ਦੀ ਪੂਰਤੀ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਦੂਰ-ਦੁਰਾਡੇ ਇਲਾਕਿਆਂ ਵਿੱਚ ਬੈਠੇ ਆਖ਼ਰੀ ਵਿਅਕਤੀ ਤੱਕ ਰਾਹਤ ਪਹੁੰਚਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬੇ ਦੇ ਸਭ ਤੋਂ ਵੱਧ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਪੁੱਜਣੀ ਯਕੀਨੀ ਬਣਾਉਣ ਉਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਕਿ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੇ ਸਭ ਤੋਂ ਵੱਧ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਤੇ ਬਚਾਅ ਕਾਰਜ ਚਲਾਉਣ ਨੂੰ ਤਰਜੀਹ ਦਿੱਤੀ ਜਾ ਰਹੀ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਸਾਰੇ ਡੈਮ ਸੁਰੱਖਿਅਤ ਹਨ ਅਤੇ ਪਾਣੀ ਖ਼ਤਰੇ ਦੇ ਨਿਸ਼ਾਨ ਤੋਂ ਹੇਠਾਂ ਵਗ ਰਿਹਾ ਹੈ। ਉਨ੍ਹਾਂ ਉਮੀਦ ਜਤਾਈ ਕਿ ਬੁੱਧਵਾਰ ਸ਼ਾਮ ਤੱਕ ਸੂਬੇ ਵਿੱਚ ਹਾਲਾਤ ਵਿੱਚ ਸੁਧਾਰ ਹੋਵੇਗਾ। ਭਗਵੰਤ ਮਾਨ ਨੇ ਕਿਹਾ ਕਿ ਸਾਰੇ ਕੈਬਨਿਟ ਮੰਤਰੀ, ਵਿਧਾਇਕ ਤੇ ਅਫ਼ਸਰ ਪਹਿਲਾਂ ਹੀ ਆਪੋ-ਆਪਣੇ ਕਾਰਜ ਖੇਤਰਾਂ ਵਿੱਚ ਤਾਇਨਾਤ ਹਨ ਅਤੇ ਸੰਕਟ ਦੀ ਇਸ ਘੜੀ ਵਿੱਚ ਲੋੜਵੰਦਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਾਣੀ ਦੇ ਪੱਧਰ ਨੂੰ ਦੇਖਦਿਆਂ ਲੋਕਾਂ ਦੇ ਜਾਨ ਤੇ ਮਾਲ ਦੀ ਰਾਖੀ ਕਰਨ ਲਈ ਮਸ਼ੀਨਰੀ ਦਾ ਵਿਆਪਕ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਰਾਹਤ ਕਾਰਜਾਂ ਵਿੱਚ ਤੇਜ਼ੀ ਲਿਆ ਰਹੇ ਹਨ ਤਾਂ ਜੋ ਲੋਕਾਂ ਨੂੰ ਰਾਹਤ ਦਿੱਤੀ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਭਾਰੀ ਬਰਸਾਤ ਕਾਰਨ ਪੈਦਾ ਹੋਏ ਹਾਲਾਤ ਵਿੱਚ ਲੋਕਾਂ ਦੀ ਰਾਖੀ ਕਰਨਾ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਹੈ। ਉਨ੍ਹਾਂ ਕਿਹਾ ਕਿ ਮੰਤਰੀ, ਵਿਧਾਇਕ ਤੇ ਅਧਿਕਾਰੀ ਨੀਵੇਂ ਤੇ ਹੜ੍ਹਾਂ ਪੱਖੋਂ ਸੰਵੇਦਨਸ਼ੀਲ ਇਲਾਕਿਆਂ ਦਾ ਦੌਰਾ ਕਰ ਰਹੇ ਹਨ ਤਾਂ ਕਿ ਇਨ੍ਹਾਂ ਇਲਾਕਿਆਂ ਦੇ ਲੋਕਾਂ ਨੂੰ ਸੁਰੱਖਿਅਤ ਥਾਵਾਂ ਉਤੇ ਪਹੁੰਚਾਇਆ ਜਾਵੇ।

# ਮਨੀ ਲਾਂਡਰਿੰਗ ਰੋਕੂ ਐਕਟ ਵਿੱਚ ਕੀਤੀਆਂ ਸੋਧਾਂ ਨੂੰ ਤੁਰੰਤ ਵਾਪਿਸ ਲਿਆ ਜਾਵੇ : ਹਰਪਾਲ ਸਿੰਘ ਚੀਮਾ

**ਕਿਹਾ, ਜੀ.ਐਸ.ਟੀ ਕੌਂਸਲ ਦੀ ਮੀਟਿੰਗ ਦੌਰਾਨ ਈ.ਡੀ. ਨਾਲ ਜੀ.ਐਸ.ਟੀ ਡਾਟਾ ਸਾਂਝਾ ਕਰਨ ਦੇ ਮੁੱਦੇ 'ਤੇ ਪੰਜਾਬ ਵੱਲੋਂ ਸਖ਼ਤ ਵਿਰੋਧ ਜ਼ਾਹਿਰ**

ਚੰਡੀਗੜ੍ਹ, 12 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਕਿ ਕੇਂਦਰੀ ਵਿੱਤ ਮੰਤਰਾਲੇ ਨੂੰ ਵਸਤਾਂ ਤੇ ਸੇਵਾਵਾਂ ਕਰ ਨੈੱਟਵਰਕ (ਜੀ.ਐਸ.ਟੀ.ਐਨ.) ਨੂੰ ਮਨੀ ਲਾਂਡਰਿੰਗ ਰੋਕੂ ਕਾਨੂੰਨ (ਪੀ.ਐਮ.ਐਲ.ਏ.) ਅਧੀਨ ਲਿਆਉਣ ਵਾਲੀਆਂ ਸੋਧਾਂ ਨੂੰ ਤੁਰੰਤ ਵਾਪਸ ਲੈਣਾ ਚਾਹੀਦਾ ਹੈ ਕਿਉਂਕਿ ਇਨਾਂ ਸੋਧਾਂ ਅਨੁਸਾਰ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨਾਲ ਜੀ.ਐਸ.ਟੀ ਡਾਟਾ ਸਾਂਝਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਕਦਮ ਦੇ ਗੰਭੀਰ ਸਿੱਟੇ ਨਿਕਲ ਸਕਦੇ ਹਨ ਅਤੇ ਟੈਕਸ ਅਦਾ ਕਰਨ ਵਾਲੇ ਇਮਾਨਦਾਰ ਵਪਾਰੀਆਂ ਲਈ 'ਕਰ ਅੱਤਵਾਦ' ਵਰਗੀ ਸਥਿਤੀ ਬਣ ਸਕਦੀ ਹੈ।

ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੰਗਲਵਾਰ ਨੂੰ ਨਵੀਂ ਦਿੱਲੀ ਵਿਖੇ ਹੋਈ ਜੀ.ਐਸ.ਟੀ ਕੌਂਸਲ ਦੀ ਮੀਟਿੰਗ ਦੌਰਾਨ ਈ.ਡੀ ਨਾਲ ਜੀਐਸਟੀ ਡਾਟਾ ਸਾਂਝਾ ਕਰਨ ਦੇ ਮੁੱਦੇ 'ਤੇ ਵੀ ਸਖ਼ਤ ਵਿਰੋਧ ਜ਼ਾਹਿਰ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮੇਤ ਹੋਰ ਹਮਖਿਆਲੀ ਸੂਬੇ ਇਸ ਵਪਾਰੀ ਵਿਰੋਧੀ ਕਦਮ ਨੂੰ ਵਾਪਸ ਲੈਣ ਲਈ ਕੇਂਦਰੀ ਵਿੱਤ ਮੰਤਰਾਲੇ 'ਤੇ ਦਬਾਅ ਪਾਉਣਗੇ।



ਚੀਮਾ ਨੇ ਕਿਹਾ ਕਿ ਈ.ਡੀ. ਦੇਸ਼ ਭਰ ਦੇ ਕਿਸੇ ਵੀ ਕਾਰੋਬਾਰੀ ਦੀ ਬਾਂਹ ਮਰੋੜਨ ਲਈ ਆਪਣੀ ਇਸ 'ਨਵੀਂ ਤਾਕਤ' ਦੀ ਦੁਰਵਰਤੋਂ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਇੱਕ ਵਪਾਰੀ ਜੋ ਇਮਾਨਦਾਰੀ ਨਾਲ ਜੀ.ਐੱਸ.ਟੀ ਦਾ ਭੁਗਤਾਨ ਕਰ ਰਿਹਾ ਹੈ, ਹਮੇਸ਼ਾ ਇਸ ਗੱਲੋਂ ਚਿੰਤਤ ਰਹੇਗਾ ਕਿ ਉਸਦੀ ਮਾਮੂਲੀ ਗਲਤੀ ਕਾਰਨ ਉਸ ਨੂੰ ਈ.ਡੀ. ਵੱਲੋਂ ਪ੍ਰੇਸ਼ਾਨ ਕੀਤਾ ਜਾ ਸਕਦਾ ਹੈ, ਅਤੇ ਜੇਕਰ ਉਸ ਨੂੰ ਗ੍ਰਿਫ਼ਤਾਰ ਕੀਤਾ ਗਿਆ ਤਾਂ ਉਸਨੂੰ ਜ਼ਮਾਨਤ ਵੀ ਨਹੀਂ ਮਿਲੇਗੀ। ਵਿੱਤ ਮੰਤਰੀ ਨੇ ਕਿਹਾ ਕਿ ਇਸ 'ਟੈਕਸ ਟੈਰੋਰਿਜ਼ਮ' ਦਾ ਦੇਸ਼ ਦੇ ਆਰਥਿਕ ਵਿਕਾਸ 'ਤੇ ਬੁਰਾ ਅਸਰ ਪਵੇਗਾ।

ਇਸ ਸੋਧ ਦੀਆਂ ਹੋਰ ਖਾਮੀਆਂ ਬਾਰੇ ਦੱਸਦਿਆਂ ਪੰਜਾਬ ਦੇ ਵਿੱਤ ਮੰਤਰੀ ਨੇ ਕਿਹਾ ਕਿ ਇਸ ਨਾਲ ਦੇਸ਼ ਦੇ ਸੰਘੀ ਢਾਂਚੇ ਨੂੰ ਹੋਰ ਵੀ ਢਾਹ ਲੱਗੇਗੀ ਕਿਉਂਕਿ ਇਸ ਨਾਲ ਸੂਬਿਆਂ ਵਿੱਚ ਕੇਂਦਰ ਸਰਕਾਰ ਦੀ ਦਖਲਅੰਦਾਜ਼ੀ ਹੋਰ ਵਧ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹੋਰ ਕਈ ਸੂਬਿਆਂ ਨੇ ਪਹਿਲਾਂ ਹੀ ਕਰ ਚੋਰੀ ਕਰਨ ਵਾਲਿਆਂ 'ਤੇ ਨਜ਼ਰ ਰੱਖਣ ਲਈ ਆਪਣਾ ਟੈਕਸ ਇੰਟੈਲੀਜੈਂਸ ਸਿਸਟਮ ਸਥਾਪਤ ਕਰ ਲਿਆ ਹੈ ਅਤੇ ਇਹ ਕਰ ਚੋਰੀ ਨਾਲ ਸਬੰਧਤ ਗਤੀਵਿਧੀਆਂ 'ਤੇ ਨਜ਼ਰ ਰੱਖਣ ਲਈ ਕਾਫ਼ੀ ਸਮਰੱਥ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਭਾਰਤੀ ਆਰਥਿਕਤਾ ਦੇ ਮਜ਼ਬੂਤ ਥੰਮ੍ਹ ਵਪਾਰੀਆਂ ਅਤੇ ਕਾਰੋਬਾਰੀਆਂ ਲਈ ਪ੍ਰੇਸ਼ਾਨੀ ਖੜ੍ਹੀ ਕਰਨ ਵਾਲੀਆਂ ਅਜਿਹੀਆਂ ਸੋਧਾਂ ਕਰਨ ਦੀ ਬਜਾਏ ਇਨ੍ਹਾਂ ਪ੍ਰਣਾਲੀਆਂ ਨੂੰ ਹੋਰ ਮਜ਼ਬੂਤ ਕਰਨ ਲਈ ਸੂਬਿਆਂ ਦਾ ਸਾਥ ਦੇਣਾ ਚਾਹੀਦਾ ਹੈ।

ਇਥੇ ਜ਼ਿਕਰਯੋਗ ਹੈ ਕਿ ਭਾਰਤ ਸਰਕਾਰ ਨੇ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੀ ਧਾਰਾ 66 ਰਾਹੀਂ ਪ੍ਰਦਾਨ ਕੀਤੀ ਸ਼ਕਤੀ ਦੀ ਵਰਤੋਂ ਕਰਦਿਆਂ, 7 ਜੁਲਾਈ, 2023 ਨੂੰ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਸੀ ਜਿਸ ਰਾਹੀਂ ਵਸਤਾਂ ਤੇ ਸੇਵਾਂਵਾਂ ਕਰ ਨੈੱਟਵਰਕ ਨੂੰ ਉਕਤ ਐਕਟ ਦੇ ਦਾਇਰੇ ਵਿੱਚ ਲਿਆਂਦਾ ਗਿਆ ਹੈ।

# ਜਲ ਸਰੋਤ ਮੰਤਰੀ ਮੀਤ ਹੇਅਰ ਵਲੋਂ ਰੋਪੜ ਵਿਖੇ ਸਿਸਵਾਂ ਤੇ ਬੁਧਕੀ ਨਦੀ ਦਾ ਦੌਰਾ

**ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਫਤਨ ਫੰਡ ਵਿੱਚੋਂ 33.50 ਕਰੋੜ ਰੁਪਏ ਪਹਿਲਾਂ ਹੀ ਜਾਰੀ, 71 ਕਰੋੜ ਰੁਪਏ ਹੋਰ ਜਾਰੀ ਕਰਨ ਦੀ ਦਿੱਤੀ ਮਨਜ਼ੂਰੀ**

ਚੰਡੀਗੜ੍ਹ, 12 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਜਲ ਸਰੋਤ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਇਥੇ ਜ਼ਮੀਨੀ ਪੱਧਰ 'ਤੇ ਜਾ ਕੇ ਹੋਏ ਨੁਕਸਾਨ ਤੇ ਸਥਿਤੀ ਦਾ ਜਾਇਜ਼ਾ ਲੈਣ ਲਈ ਰੂਪਨਗਰ ਜ਼ਲਿੇ ਵਿੱਚ ਸਿਸਵਾਂ ਤੇ ਬੁਧਕੀ ਨਦੀ ਦਾ ਦੌਰਾ ਕੀਤਾ।

ਮੀਤ ਹੇਅਰ ਨੇ ਕਿਹਾ ਕਿ ਪਹਾੜੀ ਇਲਾਕਿਆਂ ਦੇ ਨਾਲ-ਨਾਲ ਪੰਜਾਬ ਵਿੱਚ ਭਾਰੀ ਮੀਂਹ ਪੈਣ ਕਾਰਨ ਬਹੁਤ ਸਾਲਾਂ ਬਾਅਦ ਪੰਜਾਬ ਦੀ ਇਹ ਸਥਿਤੀ ਉਤਪੰਨ ਹੋਈ ਹੈ। ਉਨ੍ਹਾਂ ਦੱਸਿਆ ਕਿ ਦਰਿਆਵਾਂ ਵਿੱਚ ਸਮਰੱਥਾਂ ਨਾਲੋਂ ਵੱਧ ਪਾਣੀ ਆਉਣ ਕਾਰਨ ਓਵਰਫਲੋ ਹੋ ਕੇ ਪੰਜਾਬ ਦੇ ਬਹੁਤ ਸਾਰੀਆਂ ਇਲਾਕਿਆਂ ਨੂੰ ਪਾਣੀ ਦੀ ਮਾਰ ਝੱਲਣੀ ਪਈ।



ਜਲ ਸਰੋਤ ਮੰਤਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਪੂਰੀ ਤਿਆਰੀ ਕੀਤੀ ਗਈ ਹੈ। ਸਥਿਤੀ ਪੂਰੀ ਤਰ੍ਹਾਂ ਕੰਟਰੋਲ ਵਿੱਚ ਹੈ ਅਤੇ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ। ਜ਼ਿਲ੍ਹਾ ਰੂਪਨਗਰ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਰਾਹਤ ਕੈਂਪਾਂ ਵਿੱਚ ਰੱਖਿਆ ਗਿਆ ਹੈ, ਜਿੱਥੇ ਉਨ੍ਹਾਂ ਦੇ ਖਾਣ-ਪੀਣ ਅਤੇ ਰਹਿਣ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਫਤਨ ਫੰਡ ਵਿੱਚੋਂ 33.50 ਕਰੋੜ ਰੁਪਏ ਪਹਿਲਾਂ ਹੀ ਜਾਰੀ ਕੀਤੇ ਗਏ ਅਤੇ 71 ਕਰੋੜ ਰੁਪਏ ਹੋਰ ਜਾਰੀ ਕਰਨ ਦੀ ਮਨਜ਼ੂਰੀ ਦਿੱਤੀ ਗਈ ਹੈ।

ਮੀਤ ਹੇਅਰ ਨੇ ਇਸ ਮੌਕੇ ਦੱਸਿਆ ਕਿ ਸਮੇਂ ਸਮੇਂ 'ਤੇ ਜ਼ਿਲ੍ਹਾ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਮੁਸਤੈਦੀ ਨਾਲ ਜ਼ਮੀਨੀ ਪੱਧਰ 'ਤੇ ਦੌਰਾ ਕਰ ਕੇ ਸਾਰੀ ਸਥਿਤੀ ਦਾ ਜਾਇਜ਼ਾ ਲੈ ਰਹੇ ਹਨ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਆਪੋ-ਆਪਣੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਦਫਤਰ ਨਾਲ ਸੰਪਰਕ ਕੀਤਾ ਜਾਵੇ ਤਾਂ ਜੋ ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਉਨ੍ਹਾਂ ਨੂੰ ਬਾਹਰ ਕੱਢਿਆ ਜਾ ਸਕੇ। ਲੋਕਾਂ ਦੇ ਜਾਨ-ਮਾਲ ਦੀ ਰੱਖਿਆ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਵਿਭਾਗ ਦੇ ਸਟਾਫ ਨੂੰ ਰਾਤ ਦੀ ਚੌਕਸੀ ਦੇ ਨਾਲ-ਨਾਲ ਖੇਤਾਂ ਦੀ ਨਿਗਰਾਨੀ ਕਰਨ ਲਈ ਕਿਹਾ ਗਿਆ ਹੈ। ਫੌਰੀ ਉਪਾਅ ਜਿਵੇਂ ਕਿ ਰੇਤੇ ਦੇ ਥੈਲੇ, ਟਿੱਪਰ ਤੇ ਜੇ ਸੀ ਬੀ ਮਸ਼ੀਨ ਆਦਿ ਨੂੰ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਰੱਖਣ ਲਈ ਪਹਿਲਾਂ ਹੀ ਨਿਰਦੇਸ਼ ਦਿੱਤੇ ਗਏ ਹਨ।

ਇਸ ਮੌਕੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ, ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਐਸ ਐਸ ਪੀ ਵਿਵੇਕਸ਼ੀਲ ਸੋਨੀ, ਐਸ ਡੀ ਐੱਮ ਅਮਰੀਕ ਸਿੰਘ, ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੇ ਕਿਸਾਨਾਂ ਨੂੰ ਡੇਅਰੀ ਫਾਰਮਿੰਗ ਬਾਰੇ ਦਿੱਤੀ ਜਾਵੇਗੀ ਮੁਫ਼ਤ ਸਿਖਲਾਈ : ਗੁਰਮੀਤ ਸਿੰਘ ਖੁੱਡੀਆਂ

ਚੰਡੀਗੜ੍ਹ, 12 ਜੁਲਾਈ (ਪੋਸਟ ਬਿਊਰੋ): ਅਨੁਸੂਚਿਤ ਜਾਤੀ (ਐੱਸ.ਸੀ.) ਵਰਗ ਨਾਲ ਸਬੰਧਤ ਕਿਸਾਨਾਂ ਦੀ ਆਮਦਨ ਦੇ ਸਰੋਤਾਂ ਵਿੱਚ ਵਾਧਾ ਕਰਨ ਅਤੇ ਉਨ੍ਹਾਂ ਨੂੰ ਡੇਅਰੀ ਫਾਰਮਿੰਗ ਦਾ ਧੰਦਾ ਅਪਣਾਉਣ ਲਈ ਉਤਸ਼ਾਹਿਤ ਕਰਨ ਵਾਸਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੇ ਉਮੀਦਵਾਰਾਂ ਨੂੰ ਡੇਅਰੀ ਫਾਰਮਿੰਗ ਬਾਰੇ ਮੁਫ਼ਤ ਸਿਖਲਾਈ ਦੇਣ ਦਾ ਫ਼ੈਸਲਾ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਅਨੁਸੂਚਿਤ ਜਾਤੀ ਕਿਸਾਨਾਂ ਨੂੰ ਮੁਫ਼ਤ ਡੇਅਰੀ ਸਿਖਲਾਈ ਦੇਣ ਤੋਂ ਇਲਾਵਾ ਸਿਖਲਾਈ ਦੌਰਾਨ 350 ਰੁਪਏ ਪ੍ਰਤੀ ਦਿਨ ਵਜ਼ੀਫ਼ਾ ਵੀ ਦਿੱਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਸਿਖਲਾਈ ਦੌਰਾਨ ਉਮੀਦਵਾਰਾਂ ਨੂੰ ਦੁਧਾਰੂ ਪਸ਼ੂਆਂ ਦੀ ਖਰੀਦ ਅਤੇ ਸਾਂਭ-ਸੰਭਾਲ, ਨਸਲ ਸੁਧਾਰ, ਦੁੱਧ ਤੋਂ ਉਤਪਾਦ ਬਣਾਉਣ, ਪਸ਼ੂਆਂ ਨੂੰ ਮੌਸਮੀ ਬਿਮਾਰੀਆਂ ਤੋਂ ਬਚਾਉਣ, ਪਸ਼ੂਆਂ ਲਈ ਖੁਰਾਕ ਘਰ ਵਿੱਚ ਤਿਆਰ ਕਰਨ ਅਤੇ ਸਾਲ ਭਰ ਹਰਾ ਚਾਰਾ ਉਗਾਉਣ ਆਦਿ ਬਾਰੇ ਸਿਖਲਾਈ ਦਿੱਤੀ ਜਾਵੇਗੀ।



ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਹ ਸਿਖਲਾਈ ਚਤਾਮਲੀ (ਰੂਪਨਗਰ), ਬੀਜਾ (ਲੁਧਿਆਣਾ), ਫਗਵਾੜਾ (ਕਪੂਰਥਲਾ), ਸਰਦੂਲਗੜ੍ਹ (ਮਾਨਸਾ), ਵੇਰਕਾ (ਅੰਮ੍ਰਿਤਸਰ), ਗਿੱਲ (ਮੋਗਾ), ਅਬੁਲ ਖੁਰਾਣਾ (ਸ੍ਰੀ ਮੁਕਤਸਰ ਸਾਹਿਬ), ਤਰਨ ਤਾਰਨ ਅਤੇ ਸੰਗਰੂਰ ਵਿਖੇ ਸਥਿਤ 9 ਸਿਖਲਾਈ ਕੇਂਦਰਾਂ ਵਿੱਚ ਦਿੱਤੀ ਜਾਵੇਗੀ। ਇਸ ਸਕੀਮ ਤਹਿਤ ਤਿੰਨ ਬੈਚਾਂ ਵਿੱਚ ਸਿਖਲਾਈ ਦਿੱਤੀ ਜਾਵੇਗੀ। ਪਹਿਲੇ ਬੈਚ ਤਹਿਤ ਸਿਖਲਾਈ 24 ਜੁਲਾਈ ਤੋਂ 4 ਅਗਸਤ, 2023 ਤੱਕ ਹੋਵੇਗੀ ਅਤੇ ਇਸ ਸਬੰਧੀ ਕਾਊਂਸਲਿੰਗ 17 ਜੁਲਾਈ ਨੂੰ ਹੋਵੇਗੀ। ਦੂਜਾ ਬੈਚ 25 ਸਤੰਬਰ ਤੋਂ 6 ਅਕਤੂਬਰ, 2023 ਤੱਕ ਹੋਵੇਗਾ ਅਤੇ ਕਾਊਂਸਲਿੰਗ 18 ਸਤੰਬਰ ਨੂੰ ਹੋਵੇਗੀ। ਤੀਜਾ ਬੈਚ 28 ਨਵੰਬਰ ਤੋਂ 8 ਦਸੰਬਰ, 2023 ਤੱਕ ਹੋਵੇਗਾ ਅਤੇ ਇਸ ਲਈ ਕਾਊਂਸਲਿੰਗ 20 ਨਵੰਬਰ ਨੂੰ ਹੋਵੇਗੀ।

ਇਸ ਸਿਖਲਾਈ ਪ੍ਰੋਗਰਾਮ ਦੀ ਯੋਗਤਾ ਦੇ ਮਾਪਦੰਡਾਂ ਬਾਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ 18 ਤੋਂ 50 ਸਾਲ ਤੱਕ ਉਮਰ ਦੇ ਉਮੀਦਵਾਰ (ਪੁਰਸ਼ ਅਤੇ ਵਿਆਹੁਤਾ ਮਹਿਲਾ) ਸਿਖਲਾਈ ਲਈ ਅਪਲਾਈ ਕਰ ਸਕਦੇ ਹਨ ਅਤੇ ਉਨ੍ਹਾਂ ਦਾ ਦਿਹਾਤੀ ਖੇਤਰਾਂ ਨਾਲ ਸਬੰਧਤ ਹੋਣ ਤੋਂ ਇਲਾਵਾ 5ਵੀਂ ਪਾਸ ਹੋਣਾ ਲਾਜ਼ਮੀ ਹੈ। ਉਨ੍ਹਾਂ ਨੂੰ ਇੱਕ ਰੋਜ਼ਾ ਐਕਸਪੋਜ਼ਰ ਵਿਜ਼ਟਿ ਅਤੇ ਸਿਖਲਾਈ ਕਿੱਟ ਵੀ ਪ੍ਰਦਾਨ ਕੀਤੀ ਜਾਵੇਗੀ।

ਉਨ੍ਹਾਂ ਨੇ ਯੋਗ ਲਾਭਪਾਤਰੀਆਂ ਨੂੰ ਆਪਣੇ ਨਜ਼ਦੀਕੀ ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਦਫ਼ਤਰ ਨਾਲ ਸੰਪਰਕ ਕਰਨ ਲਈ ਕਿਹਾ। ਵਧੇਰੇ ਜਾਣਕਾਰੀ ਲਈ, ਇਛੁੱਕ ਉਮੀਦਵਾਰ ਡੇਅਰੀ ਵਿਕਾਸ ਵਿਭਾਗ, ਪੰਜਾਬ ਦੇ ਫ਼ੋਨ ਨੰਬਰ 0172-5027285 ਉਤੇ ਵੀ ਸੰਪਰਕ ਕਰ ਸਕਦੇ ਹਨ।

VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd,
Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ। ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ। ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਣਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।

# ਹਰਿਆਣਾ ਵੱਲੋਂ ਸਮਾਂ ਰਹਿੰਦਿਆਂ ਹਾਂਸੀ-ਬੁਟਾਣਾ ਨਹਿਰ ਹੇਠਲੇ ਸਾਇਫਨਾਂ ਦੀ ਸਫ਼ਾਈ ਕਰਵਾਈ ਜਾਂਦੀ ਤਾਂ ਸਾਡੇ ਪਾਸੇ ਹੜ੍ਹਾਂ ਦੇ ਹਾਲਾਤ ਨਾ ਬਣਦੇ : ਜੌੜਾਮਾਜਰਾ

ਚੰਡੀਗੜ੍ਹ, 12 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਅੱਜ ਕਿਹਾ ਕਿ ਹਰਿਆਣਾ ਸਰਕਾਰ ਵੱਲੋਂ ਹਾਂਸੀ-ਬੁਟ-ਾਣਾ ਨਹਿਰ ਹੇਠਾਂ ਘੱਗਰ ਉਪਰ ਬਣੇ ਸਾਈਫ਼ਨਾਂ ਦੀ ਸਮੇਂ ਸਿਰ ਸਫ਼ਾਈ ਨਾ ਕਰਵਾਏ ਜਾਣ ਕਰਕੇ ਡਾਫ਼ ਲੱਗੀ ਹੈ ਜਿਸ ਨਾਲ ਪੰਜਾਬ ਵਾਲੇ ਇਲਾਕੇ ਦੇ ਪਿੰਡ ਪਾਣੀ ਨਾਲ ਬੁਰੀ ਤਰ੍ਹਾਂ ਪ੍ਰਭਾਵਤ ਹੋਏ ਹਨ।

ਕੈਬਨਿਟ ਮੰਤਰੀ ਨੇ ਵੱਖ-ਵੱਖ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਨ ਸਮੇਂ ਪੱਤਰਕਾਰਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵਿੱਚ ਇਹ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਨੂੰ ਚਾਹੀਦਾ ਸੀ ਕਿ ਸਾਈਫ਼ਨਾਂ ਦੀ ਅਗਾਊਂ ਸਫ਼ਾਈ ਕਰਵਾਈ ਜਾਂਦੀ। ਉਨ੍ਹਾਂ ਕਿਹਾ ਕਿ ਜੇ ਸਾਈਫ਼ਨ ਦੀ ਸਫ਼ਾਈ ਹੋਈ ਹੁੰਦੀ ਤਾਂ ਇਹ ਨੌਬਤ ਨਾ ਆਉਂਦੀ।

ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਉਨ੍ਹਾਂ ਨੇ ਇਸ ਮੁੱਦੇ ਸਬੰਧੀ ਪਟਿਆਲਾ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੂੰ ਕੈਥਲ ਦੇ ਡਿਪਟੀ ਕਮਿਸ਼ਨਰ ਨਾਲ ਗੱਲਬਾਤ ਕਰਨ ਲਈ ਕਿਹਾ ਹੈ।



ਉਨ੍ਹਾਂ ਸਮਾਣਾ ਹਲਕੇ ਦੇ ਪ੍ਰਭਾਵਿਤ ਪਿੰਡਾਂ ਧਰਮਹੇੜੀ, ਘਿਉਰਾ, ਕਮਾਸਪੁਰ, ਧਨੌਰੀ, ਨਵਾਂ ਗਾਉਂ, ਬੀਬੀਪੁਰ, ਗਾਜੀਸਲਾਰ, ਰਾਜਲਾ, ਡਰੌਲਾ, ਡਰੌਲੀ, ਭਾਨਰਾ, ਭਾਨਰੀ, ਮੈਣ, ਸੱਸਾ ਗੁੱਜਰਾਂ, ਸੱਸਾ ਥੇਹ, ਮਾਂਗਟਾਂ, ਸਮਸਪੁਰ ਦਾ ਦੌਰਾ ਕੀਤਾ ਅਤੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਕੇ ਇੱਥੇ ਲੋੜੀਂਦੀਆਂ ਕਿਸ਼ਤੀਆਂ ਤੇ ਹੋਰ ਰਾਹਤ ਸਮੱਗਰੀ ਭਿਜਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਪਾਣੀ ਦੀ ਆਮਦ ਕਰਕੇ ਸੁਰੱਖਿਅਤ ਥਾਵਾਂ ਉਤੇ ਜਾਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੀ ਗਈ ਅਪੀਲ 'ਤੇ ਜ਼ਰੂਰ ਅਮਲ ਕਰਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਕਰਹਾਲੀ ਸਾਹਿਬ ਵਿਖੇ ਠਹਿਰਾਅ ਦੇ ਪਬ੍ਰੰਧ ਕੀਤੇ ਗਏ ਹਨ ਤੇ ਹੋਰ ਵੀ ਲੋੜੀਂਦੀ ਰਾਹਤ ਸਮੱਗਰੀ ਪੁੱਜਦੀ ਕਰਵਾਈ ਜਾ ਰਹੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਅਤੇ ਉਹ ਆਪ ਖ਼ੁਦ ਸੰਕਟ ਦੀ ਇਸ ਘੜੀ ਵਿੱਚ ਆਪਣੇ ਹਲਕੇ ਦੇ ਪਾਣੀ ਦੇ ਤੇਜ਼ ਵਹਾਅ ਤੋਂ ਪ੍ਰਭਾਵਿਤ 50 ਤੋਂ ਵਧੇਰੇ ਪਿੰਡਾਂ ਦਾ ਨਿਰੰਤਰ ਦੌਰਾ ਕਰ ਰਹੇ ਹਨ ਅਤੇ ਪਿੰਡ ਵਾਸੀਆਂ ਦੀ ਸੁਰੱਖਿਆ ਯਕੀਨੀ ਬਣਾ ਰਹੇ ਹਨ। ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਪਹਾੜੀ ਖੇਤਰਾਂ ਵਿੱਚ ਹੋਈ ਭਾਰੀ ਬਰਸਾਤ ਕਰਕੇ ਰੋਪੜ ਤੋਂ ਇਲਾਵਾ, ਡੇਰਾ ਬੱਸੀ, ਰਾਜਪੁਰਾ, ਘਨੌਰ, ਸਨੌਰ, ਸਮਾਣਾ, ਸ਼ੁਤਰਾਣਾ, ਨਾਭਾ ਸਮੇਤ ਸੰਗਰੂਰ ਵਿੱਚੋਂ ਲੰਘਦੇ ਘੱਗਰ ਤੇ ਹੋਰ ਨਦੀਆਂ ਵਿਚ ਆਏ ਬੇਹਿਸਾਬੇ ਪਾਣੀ ਨੇ ਬਹੁਤ ਭਾਰੀ ਨੁਕਸਾਨ ਕੀਤਾ ਹੈ। ਇਸ ਮੌਕੇ ਉਨ੍ਹਾਂ ਨਾਲ ਗੁਰਦੇਵ ਸਿੰਘ ਟਿਵਾਣਾ, ਐਡਵੋਕੇਟ ਗੁਲਜ਼ਾਰ ਸਿੰਘ ਵਿਰਕ, ਬਲਕਾਰ ਸਿੰਘ ਗੱਜੂਮਾਜਰਾ, ਸੁਰਜੀਤ ਸਿੰਘ ਫ਼ੌਜੀ ਤੇ ਅਮਰਦੀਪ ਸਿੰਘ ਸੋਨੂੰ ਥਿੰਦ, ਮਨਿੰਦਰ ਸਿੰਘ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ।

Tech Spirit

Consultation, Installation & Servicing

Specialized in:
- Analog & IP security cameras
- Installation & Maintenance, Upgrade
- Video Doorbell Installation

Call: 905-621-4100

7-8770 The Gore Road, Brampton, ON L6P 0B1

1080p HD ਦੇ 4 ਸਿਕਿਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

NEED A LAWYER ??

Red Seal NOTARY

KAUR LAW OFFICE

MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099

Fax: 905-454-2234

2575 Steeles Ave. E., Unit 1,Brampton, ON L6T 5T1

Dr. Randhawa Dentistry

Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹਤੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
Gore Rd
Squire Ellis Dr
Countryside Dr

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

# Matrimonial
## ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਸਲਿਮ ਵਰਲਡ ਲੀਗ ਦੇ ਜਨਰਲ ਸਕੱਤਰ ਅਲ-ਇੱਸਾ ਨੇ ਕੀਤੀ ਮੁਲਾਕਾਤ



ਨਵੀਂ ਦਿੱਲੀ, 12 ਜੁਲਾਈ (ਪੋਸਟ ਬਿਊਰੋ): ਮੁਸਲਿਮ ਵਰਲਡ ਲੀਗ (ਐੱਮ.ਡਬਲਯੂ.ਐੱਲ.) ਦੇ ਜਨਰਲ ਸਕੱਤਰ ਸ਼ੇਖ ਮੁਹੰਮਦ ਬਿਨ ਅਬਦੁਲਕਰੀਮ ਅਲ-ਇੱਸਾ ਨੇ ਮੰਗਲਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ ਅਤੇ ਕਈ ਮੁੱਦਿਆਂ 'ਤੇ ਚਰਚਾ ਕੀਤੀ। ਪ੍ਰਧਾਨ ਮੰਤਰੀ ਦਫਤਰ (ਪੀ.ਐੱਮ.ਓ.) ਨੇ ਇਕ ਟਵੀਟ ਰਾਹੀਂ ਇਹ ਜਾਣਕਾਰੀ ਦਿੱਤੀ।

ਪੀ.ਐੱਮ.ਓ. ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੁਸਲੀਮ ਵਰਲਡ ਲੀਗ ਦੇ ਜਨਰਲ ਸਕੱਤਰ ਅਤੇ ਮੁਸਲਿਮ ਵਿਦਵਾਨਾਂ ਦੇ ਸੰਗਠਨ ਦੇ ਪ੍ਰਧਾਨ ਸ਼ੇਖ ਮੁਹੰਮਦ ਬਿਨ ਅਬਦੁਲਕਰੀਮ ਅਲ-ਇੱਸਾ ਨਾਲ ਮੁਲਾਕਾਤ ਕੀਤੀ। ਦੋਵਾਂ ਨੇ ਅੰਤਰ-ਧਾਰਮਿਕ ਸਦਭਾਵਨਾ, ਸ਼ਾਂਤੀ ਨੂੰ ਅੱਗੇ ਵਧਾਉਣ ਅਤੇ ਮਨੁੱਖੀ ਪ੍ਰਗਤੀ ਦੀ ਦਿਸ਼ਾ 'ਚ ਕੰਮ ਕਰਨ ਦੇ ਵੱਖ-ਵੱਖ ਪਹਿਲੂਆਂ 'ਤੇ ਵਿਵਹਾਰਿਕ ਚਰਚਾ ਕੀਤੀ।

ਭਾਰਤ ਦੀ ਯਾਤਰਾ 'ਤੇ ਆਏ ਅਲ-ਇੱਸਾ ਨੇ ਇਥੇ ਖੁਸਰੋ ਫਾਊਂਡੇਸ਼ਨ ਅਤੇ ਇੰਡੀਆ ਇਸਲਾਮਿਕ ਕਲਚਰ ਸੈਂਟਰ ਦੁਆਰਾ ਆਯੋਜਿਤ ਇਕ ਪ੍ਰੋਗਰਾਮ ਨੂੰ ਵੀ ਸੰਬੋਧਨ ਕੀਤਾ। ਉਹ ਭਾਰਤ ਸਰਕਾਰ ਦੇ ਅਧਿਕਾਰਤ ਸੱਦੇ 'ਤੇ ਇਥੇ ਆਏ ਹਨ। ਐੱਮ.ਡਬਲਯੂ.ਐੱਲ. ਇਕ ਅੰਤਰਰਾਸ਼ਟਰੀ ਗੈਰ-ਸਰਕਾਰੀ ਸੰਗਠਨ ਹੈ ਜਿਸਦਾ ਦਫਤਰ ਮੱਕਾ 'ਚ ਹੈ। ਇਸ ਵਿਚ ਸਾਰੇ ਇਸਲਾਮੀ ਦੇਸ਼ਾਂ ਅਤੇ ਸੰਪਰਦਾਵਾਂ ਦੇ ਮੈਂਬਰ ਸ਼ਾਮਲ ਹਨ।

# ਬਲੋਚਿਸਤਾਨ ਵਿਚ ਫੌਜ ਦੇ ਅੱਡੇ ਨੂੰ ਅੱਤਵਾਦੀਆਂ ਨੇ ਬਣਾਇਆ ਨਿਸ਼ਾਨਾ, 6 ਪਾਕਿਸਤਾਨੀ ਫੌਜੀਆਂ ਦੀ ਮੌਤ



ਕਵੇਟਾ, 12 ਜੁਲਾਈ (ਪੋਸਟ ਬਿਊਰੋ): ਪਾਕਿਸਤਾਨ ਵਿੱਚ ਇਕ ਹਫਤੇ ਵਿਚ ਦੂਜੀ ਵਾਰ ਫੌਜ 'ਤੇ ਹਮਲਾ ਹੋਇਆ ਅਤੇ ਇਸ ਵਿੱਚ 6 ਜਵਾਨ ਸ਼ਹੀਦ ਹੋ ਗਏ। ਇਹ ਹਮਲਾ ਬਲੋਚਿਸਤਾਨ ਦੇ ਝੋਬ ਇਲਾਕੇ ਵਿੱਚ ਫੌਜ ਦੇ ਇਕ ਅੱਡੇ 'ਤੇ ਬੁੱਧਵਾਰ ਦੁਪਹਿਰ ਨੂੰ ਹੋਇਆ। ਪੰਜ ਜਵਾਨ ਗੰਭੀਰ ਜ਼ਖਮੀ ਹਨ। ਉਨ੍ਹਾਂ ਨੂੰ ਏਅਰਲਿਫਟ ਕਰਕੇ ਪਿਸ਼ਾਵਰ ਮਿਲਟਰੀ ਹਸਪਤਾਲ ਲਿਜਾਇਆ ਗਿਆ ਹੈ।


ਪਾਕਿਸਤਾਨੀ ਫ਼ੌਜ ਦੇ ਮੀਡੀਆ ਵਿੰਗ ਇੰਟਰ ਸਰਵਿਸਿਜ਼ ਪਬਲਿਕ ਰਿਲੇਸ਼ਨਜ਼ (ਆਈ.ਐੱਸ.ਪੀ.ਆਰ.) ਨੇ ਹਮਲੇ ਦੀ ਪੁਸ਼ਟੀ ਕੀਤੀ ਹੈ। 7 ਫਰਵਰੀ ਨੂੰ ਬਲੋਚਿਸਤਾਨ ਵਿਚ ਪਾਕਿਸਤਾਨੀ ਫੌਜੀਆਂ 'ਤੇ ਹਮਲਾ ਹੋਇਆ ਸੀ। ਇਸ ਵਿਚ ਇਕ ਮੇਜਰ ਸਮੇਤ 4 ਜਵਾਨ ਸ਼ਹੀਦ ਹੋ ਗਏ। ਫਿਰ ਫੌਜ ਨੇ ਇਸ ਦੀ ਪੁਸ਼ਟੀ ਨਹੀਂ ਕੀਤੀ। ਕੁਝ ਮੀਡੀਆ ਰਿਪੋਰਟਾਂ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਝੋਬ ਵਿੱਚ ਫੌਜੀ ਅੱਡੇ 'ਤੇ ਹਮਲਾ ਉਦੋਂ ਹੋਇਆ ਜਦੋਂ ਕੁਝ ਫੌਜੀ ਆਪਣੀ ਸ਼ਿਫਟ ਪੂਰੀ ਕਰਨ ਤੋਂ ਬਾਅਦ ਆਰਾਮ ਕਰਨ ਲਈ ਆਏ ਸਨ। ਇਸ ਦੌਰਾਨ ਅੱਤਵਾਦੀਆਂ ਨੇ ਇੱਥੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਜਵਾਨਾਂ ਨੇ ਵੀ ਜਵਾਬੀ ਕਾਰਵਾਈ ਕੀਤੀ ਪਰ ਅੱਤਵਾਦੀਆਂ ਨੂੰ ਕੋਈ ਨੁਕਸਾਨ ਨਹੀਂ ਹੋਇਆ। ਗੋਲੀਬਾਰੀ ਤੋਂ ਬਾਅਦ 6 ਜਵਾਨਾਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ। ਕੁਝ ਮੀਡੀਆ ਰਿਪੋਰਟਾਂ 'ਚ ਇਹ ਗਿਣਤੀ 4 ਦੱਸੀ ਗਈ ਹੈ। 5 ਜਵਾਨ ਗੰਭੀਰ ਰੂਪ ਨਾਲ ਜ਼ਖਮੀ ਹੋਏ ਹਨ।

ਫੌਜ ਮੁਤਾਬਕ ਅੱਤਵਾਦੀਆਂ ਨੇ ਫੌਜ ਦੇ ਬੇਸ ਦੇ ਆਲੇ-ਦੁਆਲੇ ਬਣੀ ਸੀਮਾ ਦੀਵਾਰ ਦੇ ਪਿੱਛੇ ਤੋਂ ਗੋਲੀਬਾਰੀ ਕੀਤੀ। ਇਸ ਕਾਰਨ ਉਨ੍ਹਾਂ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ। ਦੂਜੇ ਪਾਸੇ ਸਾਰੇ ਸਿਪਾਹੀ ਇੱਕ ਖੁੱਲ੍ਹੀ ਥਾਂ 'ਤੇ ਸਨ। ਅੱਤਵਾਦੀਆਂ ਕੋਲ ਭਾਰੀ ਹਥਿਆਰ ਸਨ।

ਫੌਜ ਨੇ ਕਿਹਾ ਕਿ ਹਮਲੇ ਤੋਂ ਬਾਅਦ ਉੱਥੇ ਇੱਕ ਹੋਰ ਯੂਨਿਟ ਭੇਜੀ ਗਈ ਹੈ। ਪੂਰੇ ਇਲਾਕੇ ਨੂੰ ਸੀਲ ਕਰ ਦਿੱਤਾ ਗਿਆ ਹੈ। ਇੱਥੇ ਹਰ ਘਰ ਦੀ ਤਲਾਸ਼ੀ ਵੀ ਲਈ ਜਾ ਰਹੀ ਹੈ। ਫੌਜ ਦਾ ਦਾਅਵਾ ਹੈ ਕਿ ਤਿੰਨ ਅੱਤਵਾਦੀਆਂ ਨੂੰ ਮਾਰ ਦਿੱਤਾ ਗਿਆ ਹੈ।

# ਦਰਦਨਾਕ ਬੀਮਾਰੀ ਤੋਂ ਪੀੜਤ 10 ਸਾਲਾ ਬੱਚੀ, ਛੂਹਣ ਨਾਲ ਹੁੰਦਾ ਹੈ ਅਸਹਿਣਯੋਗ ਦਰਦ





ਆਸਟ੍ਰੇਲੀਆ ਵਿੱਚ, ਇੱਕ 10 ਸਾਲਾ ਬੱਚੀ ਨੂੰ ਕੰਪਲੈਕਸ ਰੀਜਨਲ ਪੇਨ ਸਿੰਡਰੋਮ ਨਾਂ ਦੀ ਬਿਮਾਰੀ ਹੈ। ਇਸ ਬੀਮਾਰੀ ਕਾਰਨ ਜਦੋਂ ਕੋਈ ਉਸ ਨੂੰ ਥੋੜ੍ਹਾ ਜਿਹਾ ਵੀ ਛੂਹ ਲੈਂਦਾ ਹੈ ਤਾਂ ਉਸ ਦੀ ਸੱਜੀ ਲੱਤ ਵਿਚ ਅਸਹਿਣਯੋਗ ਦਰਦ ਹੁੰਦਾ ਹੈ। ਨਾ ਉਹ ਨਹਾ ਸਕਦੀ ਹੈ, ਨਾ ਕੋਈ ਚਾਦਰ ਜਾਂ ਕੱਪੜੇ ਪਾ ਸਕਦੀ ਹੈ। ਸੱਜੀ ਲੱਤ 'ਤੇ ਇਹ ਝਰਨਾਹਟ ਦਾ ਦਰਦ ਇੰਨਾ ਭਾਰੂ ਹੈ ਕਿ ਜੇ ਕੋਈ ਟਿਸ਼ੂ ਛੂਹ ਜਾਵੇ ਤਾਂ ਵੀ ਉਹ ਚੀਕਦੀ ਹੈ।

ਬੱਚੀ ਦਾ ਨਾਂ ਬੈਲਾ ਮੇਸੀ ਹੈ। ਸੀ.ਆਰ.ਪੀ.ਐੱਸ. ਕਾਰਨ, ਉਹ ਆਪਣਾ ਜ਼ਿਆਦਾਤਰ ਸਮਾਂ ਜਾਂ ਤਾਂ ਬੈੱਡ 'ਤੇ ਲੇਟਦੀ ਹੈ ਜਾਂ ਵਹੀਲਚੇਅਰ 'ਤੇ ਹਸਪਤਾਲ ਜਾਂਦੀ ਹੈ। ਮੈਡੀਕਲ ਸਾਇੰਸ ਅਨੁਸਾਰ ਸੀ.ਆਰ.ਪੀ.ਐੱਸ. ਨੂੰ ਮਨੁੱਖਤਾ ਲਈ 'ਸਭ ਤੋਂ ਦੁਖਦਾਈ ਸਥਿਤੀ' ਕਿਹਾ ਜਾਂਦਾ ਹੈ।

ਨਿਊਯਾਰਕ ਪੋਸਟ ਦੇ ਅਨੁਸਾਰ, ਬੈਲਾ ਦਾ ਪਰਿਵਾਰ ਫਿਜੀ ਵਿੱਚ ਇੱਕ ਪਰਿਵਾਰਕ ਛੁੱਟੀ 'ਤੇ ਸੀ ਜਦੋਂ ਉਨ੍ਹਾਂ ਨੂੰ ਸੀ.ਆਰ.ਪੀ.ਐੱਸ. ਬਾਰੇ ਪਤਾ ਲੱਗਿਆ। ਪਰਿਵਾਰਕ ਛੁੱਟੀ ਦੌਰਾਨ ਬੈਲਾ ਦੇ ਸੱਜੇ ਪੈਰ 'ਤੇ ਛਾਲੇ ਪੈ ਗਏ। ਇਸ ਤੋਂ ਬਾਅਦ ਬੈਲਾ ਦੀ ਹਾਲਤ ਵਿਗੜਨ ਲੱਗੀ। ਉਸਦੀ ਕਮਰ ਤੋਂ ਲੈ ਕੇ ਪੂਰੀ ਸੱਜੀ ਲੱਤ ਤੱਕ ਹਿਲਜੁਲ ਰੁਕ ਗਈ। ਜਿਸ ਕਾਰਣ ਉਸ ਨੂੰ ਵ੍ਹੀਲ ਚੇਅਰ ਦਾ ਸਹਾਰਾ ਲੈਣਾ ਪਿਆ।

ਫਿਲਹਾਲ ਬੈਲਾ ਦੇ ਪਰਿਵਾਰ ਨੇ ਇਸ ਦੁਰਲੱਭ ਬੀਮਾਰੀ ਦੇ ਇਲਾਜ ਲਈ ਅਮਰੀਕੀ ਡਾਕਟਰਾਂ ਤੋਂ ਮੱਦਦ ਮੰਗੀ ਹੈ। ਹਾਲਾਂਕਿ ਇਸਦੀ ਫੀਸ ਬਹੁਤ ਜ਼ਿਆਦਾ ਹੈ, ਅਜਿਹੀ ਸਥਿਤੀ ਵਿੱਚ, ਉਹ GoFundMe ਮੁਹਿੰਮ ਤਹਿਤ ਇਲਾਜ ਲਈ ਲੋਕਾਂ ਤੋਂ ਵਿੱਤੀ ਸਹਾਇਤਾ ਦੀ ਮੰਗ ਕਰ ਰਹੇ ਹਨ।

# ਉਤਰਾਖੰਡ ਸਮੇਤ 5 ਸੂਬਿਆਂ ਵਿਚ ਭਾਰੀ ਮੀਂਹ, 4 ਦਿਨਾਂ ਵਿਚ 100 ਮੌਤਾਂ, ਦਿੱਲੀ ਵਿਚ ਯਮੁਨਾ ਦਾ ਪੱਧਰ 208 .05 ਮੀਟਰ ਤੱਕ ਪਹੁੰਚਿਆ



ਨਵੀਂ ਦਿੱਲੀ, 12 ਜੁਲਾਈ (ਪੋਸਟ ਬਿਊਰੋ): ਹਰਿਆਣਾ ਤੋਂ ਪਾਣੀ ਛੱਡਣ ਕਾਰਨ ਯਮੁਨਾ ਨਦੀ ਵਿਚ ਉਫਾਨ ਆਇਆ ਹੈ। ਰਾਤ 10 ਵਜੇ ਤੱਕ ਦਿੱਲੀ ਵਿਚ ਯਮੁਨਾ ਨਦੀ ਦਾ ਪਾਣੀ ਦਾ ਪੱਧਰ 208.05 ਮੀਟਰ ਤੱਕ ਪਹੁੰਚ ਗਿਆ। ਯਮੁਨਾ ਦਾ ਸਭ ਤੋਂ ਉੱਚਾ ਜਲ ਪੱਧਰ 1978 ਵਿੱਚ 207.49 ਮੀਟਰ ਤੱਕ ਪਹੁੰਚ ਗਿਆ ਸੀ। ਇਸ ਵਾਰ 45 ਸਾਲਾਂ ਦਾ ਰਿਕਾਰਡ ਟੁੱਟ ਗਿਆ। ਸ਼ਾਮ ਨੂੰ ਯਮੁਨਾ ਦਾ ਪਾਣੀ ਰਿੰਗ ਰੋਡ 'ਤੇ ਪਹੁੰਚ ਗਿਆ। ਵੀਰਵਾਰ ਸਵੇਰੇ 8 ਵਜੇ ਤੱਕ ਯਮੁਨਾ ਦੇ ਪਾਣੀ ਦਾ ਪੱਧਰ 208.30 ਮੀਟਰ ਤੱਕ ਪਹੁੰਚ ਸਕਦਾ ਹੈ।

ਉੱਤਰਾਖੰਡ, ਦਿੱਲੀ, ਯੂਪੀ, ਪੰਜਾਬ ਅਤੇ ਹਰਿਆਣਾ ਵਿੱਚ ਲਗਾਤਾਰ ਮੀਂਹ ਪੈ ਰਿਹਾ ਹੈ। ਖਰਾਬ ਮੌਸਮ ਕਾਰਨ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਪਿਛਲੇ 4 ਦਿਨਾਂ 'ਚ 100 ਤੋਂ ਵੱਧ ਲੋਕਾਂ ਦੀ ਜਾਨ ਚਲੀ ਗਈ ਹੈ।

ਉੱਤਰੀ ਭਾਰਤ ਦੇ ਰਾਜਾਂ ਵਿੱਚ ਮੀਂਹ ਰੁਕਣ ਕਾਰਨ ਬੁੱਧਵਾਰ ਨੂੰ ਸਥਿਤੀ ਵਿੱਚ ਮਾਮੂਲੀ ਸੁਧਾਰ ਹੋਇਆ ਹੈ। ਹੁਣ ਸਰਕਾਰ ਦਾ ਸਾਰਾ ਧਿਆਨ ਸੜਕਾਂ ਅਤੇ ਪੁਲਾਂ ਦੇ ਟੁੱਟਣ ਕਾਰਨ ਫਸੇ ਲੋਕਾਂ ਨੂੰ ਬਚਾਉਣ ਵੱਲ ਹੈ। ਹਿਮਾਚਲ ਵਿੱਚ 10,000 ਸੈਲਾਨੀ ਫਸੇ ਹੋਏ ਹਨ। ਚੰਦਰਤਾਲ ਵਿਚ 3 ਫੁੱਟ ਬਰਫ ਜਮ ਗਈ ਹੈ। ਬਚਾਅ ਵਿਚ 6 ਹੈਲੀਕਾਪਟਰ ਤਾਇਨਾਤ ਕੀਤੇ ਗਏ ਹਨ। ਕੁੱਲੂ ਵਿਚ ਬਿਆਸ ਦਰਿਆ ਦੇ ਵਹਾਅ ਨਾਲ ਸਾਂਝ ਬਾਜ਼ਾਰ ਦਾ ਅੱਧਾ ਹਿੱਸਾ ਹੀ ਵਹਿ ਗਿਆ।

8 ਜੁਲਾਈ ਤੋਂ ਹੁਣ ਤੱਕ ਹਿਮਾਚਲ ਪ੍ਰਦੇਸ਼ 'ਚ 36, ਯੂਪੀ ਵਿਚ 34, ਜੰਮੂ-ਕਸ਼ਮੀਰ ਵਿਚ 15, ਉਤਰਾਖੰਡ 'ਚ 9, ਦਿੱਲੀ 'ਚ 5 ਅਤੇ ਰਾਜਸਥਾਨ, ਮਹਾਰਾਸ਼ਟਰ ਅਤੇ ਹਰਿਆਣਾ 'ਚ ਇਕ-ਇਕ ਮੌਤਾਂ ਹੋਈਆਂ ਹਨ। ਉੱਤਰਾਖੰਡ 'ਚ ਵੀਰਵਾਰ ਨੂੰ ਵੀ ਮੀਂਹ ਨੂੰ ਲੈ ਕੇ ਰੈੱਡ ਅਲਰਟ ਜਾਰੀ ਕੀਤਾ ਗਿਆ ਹੈ।

ਜ਼ਮੀਨ ਖਿਸਕਣ ਕਾਰਨ ਗੰਗੋਤਰੀ ਅਤੇ ਯਮੁਨੋਤਰੀ ਰਾਸ਼ਟਰੀ ਰਾਜਮਾਰਗ ਕਈ ਥਾਵਾਂ 'ਤੇ ਬੰਦ ਹਨ। ਇੱਥੇ 3 ਤੋਂ 5 ਹਜ਼ਾਰ ਲੋਕ ਫਸੇ ਹੋਏ ਹਨ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਟਵੀਟ ਕਰਕੇ ਜਾਣਕਾਰੀ ਦਿੱਤੀ ਕਿ ਦਿੱਲੀ ਵਿੱਚ ਹੜ੍ਹ ਦੀ ਸਥਿਤੀ ਬਣੀ ਹੋਈ ਹੈ। ਕੇਜਰੀਵਾਲ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਕੇਂਦਰ ਤੋਂ ਮੱਦਦ ਮੰਗੀ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਹਰਿਆਣਾ ਦੇ ਹਥਨੀਕੁੰਡ ਬੈਰਾਜ ਤੋਂ ਪਾਣੀ ਕਾਬੂ ਕੀਤੇ ਤਰੀਕੇ ਨਾਲ ਛੱਡਿਆ ਜਾਵੇ।

ਇਸ ਤੋਂ ਬਾਅਦ ਕੇਂਦਰੀ ਜਲ ਮੰਤਰੀ ਗਜਿੰਦਰ ਸਿੰਘ ਸ਼ੇਖਾਵਤ ਨੇ ਉਨ੍ਹਾਂ ਨੂੰ ਫੋਨ ਕਰਕੇ ਦੱਸਿਆ ਕਿ ਹਥਨੀਕੁੰਡ ਵਿਚ ਪਾਣੀ ਨੂੰ ਕੰਟਰੋਲ ਕਰਨਾ ਸੰਭਵ ਨਹੀਂ ਹੈ। ਹਿਮਾਚਲ ਪ੍ਰਦੇਸ਼ ਤੋਂ ਛੱਡਿਆ ਜਾ ਰਿਹਾ ਪਾਣੀ ਰੋਕ ਦਿੱਤਾ ਗਿਆ ਹੈ, ਜਿਸ ਕਾਰਨ ਹਥਨੀਕੁੰਡ ਵਿਚ ਪਾਣੀ ਘੱਟ ਜਾਵੇਗਾ। ਇਸ ਨਾਲ ਦਿੱਲੀ ਨੂੰ ਆਉਣ ਵਾਲੇ ਯਮੁਨਾ ਦਾ ਪਾਣੀ ਘੱਟ ਜਾਵੇਗਾ।

ਕੇਜਰੀਵਾਲ ਨੇ ਯਮੁਨਾ ਦੇ ਕੰਢੇ ਨੀਵੇਂ ਇਲਾਕਿਆਂ ਵਿਚ ਰਹਿਣ ਵਾਲੇ ਲੋਕਾਂ ਨੂੰ ਇੰਤਜ਼ਾਰ ਨਾ ਕਰਨ, ਤੁਰੰਤ ਇਨ੍ਹਾਂ ਇਲਾਕਿਆਂ ਨੂੰ ਖਾਲ੍ਹੀ ਕਰਨ ਲਈ ਕਿਹਾ ਹੈ। ਹਾਲਾਂਕਿ, ਲੋਕਾਂ ਨੇ ਪਹਿਲਾਂ ਹੀ ਇਲਾਕਿਆਂ ਨੂੰ ਖਾਲ੍ਹੀ ਕਰਨਾ ਸ਼ੁਰੂ ਕਰ ਦਿੱਤਾ ਹੈ।

URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੂਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।


BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Grand Upholstery Ltd
Sofa Company Originality in Every Piece
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

Special on Sale
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799* upto 100% Deductible Paid*
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com







FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017